# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 27-03-2026**

ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਕਿਹਾ ਏ ਕਿ ਸਰਕਾਰ ਇਹ ਯਕੀਨੀ ਬਣਾ ਰਹੀ ਏ ਕਿ ਪੈਟਰੋਲ, ਡੀਜ਼ਲ ਅਤੇ ਇੱਥੋਂ ਤੱਕ ਕਿ ਹਵਾਈ ਜਹਾਜ਼ ਦੇ ਇੰਦਨ ਵਿੱਚ ਵੀ ਕੋਈ ਵਾਧਾ ਨਾ ਹੋਵੇ । ਨਵੀਂ ਦਿੱਲੀ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ, ਸ੍ਰੀਮਤੀ ਸੀਤਾਰਮਨ ਨੇ ਕਿਹਾ ਕਿ ਪੱਛਮੀ ਏਸ਼ੀਆ 'ਚ ਟਕਰਾਅ ਦੀ ਸਥਿਤੀ ਨੂੰ ਧਿਆਨ ਵਿੱਚ ਰਖਦਿਆਂ, ਪ੍ਰਧਾਨ ਮੰਤਰੀ ਵੱਲੋਂ ਇੱਕ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ ਇਹ ਤਿੰਨਾਂ ਇੰਦਨਾਂ ਦੀ ਕੋਈ ਕਮੀ ਨਹੀਂ ਹੋਣੀ ਚਾਹੀਦੀ, ਅਤੇ ਆਲਮੀ ਸਥਿਤੀ ਦੇ ਕਾਰਨ ਇਨ੍ਹਾਂ ਦੀਆਂ ਕੀਮਤਾਂ ਵਿੱਚ ਵਾਧਾ ਨਹੀਂ ਕੀਤਾ ਜਾਣਾ ਚਾਹੀਦਾ । ਇਸੇ ਦੌਰਾਨ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਅੱਜ ਕਿਹਾ ਏ ਕਿ ਸਰਕਾਰ ਨੇ ਅਮਰੀਕਾ-ਇਜ਼ਰਾਈਲ-ਈਰਾਨ ਯੁੱਧ ਅਤੇ ਹੋਰਮੁਜ਼ ਪਣਜੋੜ ਵਿੱਚ ਚੱਲ ਰਹੇ ਵਿਘਨਾਂ ਦਰਮਿਆਨ ਕੱਚੇ ਤੇਲ ਦੀਆਂ

ਅੰਤਰਰਾਸ਼ਟਰੀ ਕੀਮਤਾਂ ਵਿੱਚ ਤੇਜ਼ੀ ਨਾਲ ਵਾਧੇ ਦਾ ਭਾਰਤ ਦੇ ਨਾਗਰਿਕਾਂ ‘ਤੇ ਬੋਝ ਪਾਉਣ ਦੀ ਬਜਾਏ ਆਪਣੇ ਮਾਲੀਏ 'ਤੇ ਬੋਝ ਪਾਇਆ ਏ. ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤੇਲ ਕੰਪਨੀਆਂ ਦੇ ਨੁਕਸਾਨ, ਯਾਨੀ ਪੈਟਰੋਲ ਲਈ ਕਰੀਬ 24 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਲਈ ਕਰੀਬ 30 ਰੁਪਏ ਪ੍ਰਤੀ ਲੀਟਰ – ਦੇ ਬੋਝ ਨੂੰ ਅੰਤਰਰਾਸ਼ਟਰੀ ਕੀਮਤਾਂ ਦੇ ਅਸਮਾਨ ਛੂਹਣ ਦੇ ਸਮੇਂ ਘਟਾਇਆ ਜਾ ਸਕੇ ।ਲਾਕਡਾਊਨ ਦੀਆਂ ਅਫਵਾਹਾਂ ਨੂੰ ਬੇਬੁਨਿਆਦ ਦੱਸਦੇ ਹੋਏ, ਸ਼੍ਰੀਮਤੀ ਸੀਤਾਰਮਨ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪਹਿਲਾਂ ਕੋਵਿਡ ਮਹਾਮਾਰੀ ਦੌਰਾਨ ਲਾਗੂ ਕੀਤਾ ਗਿਆ ਕੋਈ ਵੀ ਲਾਕਡਾਊਨ ਨਹੀਂ ਲਗੇਗਾ. ਉਨ੍ਹਾਂ ਕਿਹਾ ਕਿ ਸਿਆਸੀ ਖੇਤਰਾਂ ਦੇ ਲੋਕਾਂ ਵੱਲੋਂ ਅਜਿਹੀਆਂ ਟਿੱਪਣੀਆਂ ਚਿੰਤਾਜਨਕ ਨੇ.

-------------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਏ ਕਿ ਪੰਜਾਬ ਨੂੰ ਭਾਰਤ ਸਰਕਾਰ ਵਲੋਂ ਸੜਕ ਸੁਰੱਖਿਆ, ਸਿੱਖਿਆ ਤੇ ਕਾਰੋਬਾਰ ਕਰਨ ਵਿੱਚ ਆਸਾਨੀ ਲਈ ਨੰਬਰ 1 ਸੂਬੇ ਦਾ ਦਰਜਾ ਦਿੱਤਾ ਗਿਆ ਏ, ਉਨ੍ਹਾਂ ਕਿਹਾ

ਕਿ ਇਹ ਪੰਜਾਬ ਦੇ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਏ ਜਦੋਂ ਸੂਬੇ ਨੇ ਇਨ੍ਹਾਂ ਮੁੱਖ ਖੇਤਰਾਂ ਵਿੱਚ ਅਜਿਹੀ ਮਾਨਤਾ ਪ੍ਰਾਪਤ ਕੀਤੀ ਏ। ਉਹਨਾਂ ਕਿਹਾ ਕਿ ਸੂਬਾ ਤੇਜ਼ੀ ਨਾਲ ਵਿਕਾਸ ਵੱਲ ਵਧ ਰਿਹਾ ਏ ਤੇ ਜਲਦ ਹੀ ਰੰਗਲਾ ਪੰਜਾਬ ਬਣ ਜਾਵੇਗਾ

---

ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਜਲੰਧਰ ਵਿਖੇ ਫਰਨੀਚਰ ਮਾਰਕੀਟ ਐਸੋਸੀਏਸ਼ਨ ਦੇ ਵਪਾਰੀਆਂ ਨਾਲ ਇੱਕ ਮੀਟਿੰਗ ਦੌਰਾਨ ਉਹਨਾਂ ਨੂੰ ਦਰਪੇਸ਼ ਮੁਸ਼ਕਿਲਾਂ ਸਬੰਧੀ ਵਿਚਾਰ-ਵਟਾਂਦਰਾਂ ਕੀਤਾ ਗਿਆ। ਇਸ ਦੌਰਾਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਇੰਦਰਵੰਸ਼ ਸਿੰਘ ਚੱਢਾ ਨੇ ਵਪਾਰੀਆਂ ਦੇ ਮੁੱਦਿਆਂ ਨੂੰ ਵਿਸਥਾਰ ਨਾਲ ਸੁਣਿਆ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਮਕਦਸ ਵਪਾਰੀਆਂ ਦੀਆਂ ਮੁਸ਼ਕਲਾਂ ਤੇ ਮੰਗਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਨਾਲ ਬਿਹਤਰ ਤਾਲਮੇਲ ਬਣਾਉਣਾ ਏ ਤਾਂ ਜੋ ਵਪਾਰੀਆਂ ਅਤੇ ਪ੍ਰਸ਼ਾਸਨ ਵਿਚਕਾਰ ਸੰਵਾਦ ਮਜ਼ਬੂਤ ਹੋ ਸਕੇ। ਵਿਧਾਨ ਸਭਾ ਟਰੇਡਰਜ਼ ਕਮਿਸ਼ਨ

ਦੇ ਚੇਅਰਮੈਨ ਸੁਮਿਤ ਸ਼ਰਮਾ ਨੇ ਵਪਾਰੀਆਂ ਦੀ ਭਰਵੀਂ ਸ਼ਮੂਲੀਅਤ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

---------------------------------------------------------------

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਰਾਲੀ ਪ੍ਰਬੰਧਨ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਤਹਿਤ ਮਲੋਟ ਦੇ ਪਿੰਡ ਤਰਖਾਣ ਵਾਲਾ ਤੇ ਮੁਕਤਸਰ ਦੇ ਪਿੰਡ ਖੱਪਿਆਂ ਵਾਲੀ ਵਿਖੇ ਖੇਤ ਦਿਵਸ ਲਗਾਏ ਗਏ, ਜਿਨ੍ਹਾਂ ਵਿੱਚ ਇਲਾਕੇ ਦੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਡਾ. ਗੁਰਵਿੰਦਰ ਸਿੰਘ, ਸਹਾਇਕ ਪ੍ਰੋਫੈਸਰ (ਪਸਾਰ ਸਿੱਖਿਆ) ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਪਰਾਲੀ ਸਾੜਨ ਨਾਲ ਵਾਤਾਵਰਣ ਤੇ ਮਿੱਟੀ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪਰਾਲੀ ਪ੍ਰਬੰਧਨ ਤਕਨੀਕਾਂ ਨੂੰ ਅਪਣਾਉਣ ਨਾਲ ਨਾ ਸਿਰਫ਼ ਵਾਤਾਵਰਣ ਦੀ ਸੁਰੱਖਿਆ ਹੁੰਦੀ ਏ ਸਗੋਂ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਸੁਧਾਰ ਤੇ ਖੇਤੀ ਖਰਚਿਆਂ ਵਿੱਚ ਕਮੀ ਵੀ ਆਉਂਦੀ ਏ। ਉਨ੍ਹਾਂ

ਕਿਸਾਨਾਂ ਨੂੰ ਪਰਾਲੀ ਦਾ ਸੁਚੱਜਾ ਪ੍ਰਬੰਧਨ ਅਪਣਾਉਣ ਲਈ ਪ੍ਰੇਰਿਤ ਕੀਤਾ।

---------------------------------------------------

ਬਾਬਾ ਫਰੀਦ ਯੂਨੀਵਰਸਿਟੀ ਫਰੀਦਕੋਟ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਤੇ ਰਜਿਸਟਰਾਰ ਅਰਵਿੰਦ ਕੁਮਾਰ, ਦੀ ਅਗਵਾਈ ਹੇਠਸਟੇਟ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾਮੈਡੀਕਲ ਸਾਇੰਸਿਜ਼, ਬਾਦਲ ਵਿਖੇ "ਬੌਧਿਕ ਸੰਪਦਾ ਅਧਿਕਾਰ ਸਬੰਧੀ ਖੇਤਰੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਡਾ. ਪ੍ਰੀਤੀ ਖੇਤਰਪਾਲ ਵੱਲੋਂ ਹੈਲਥਕੇਅਰ ਰਿਸਰਚ ਤੇ ਇਨੋਵੇਸ਼ਨ ਵਿਚ ਬੌਧਿਕ ਸੰਪਦਾ ਅਧਿਕਾਰਾਂ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਵਿਸ਼ੇਸ਼ ਲੈਕਚਰ ਦਿੱਤਾ ਗਿਆ। ਉਨ੍ਹਾਂ ਨੇ ਦੱਸਿਆ ਕਿ ਬੌਧਿਕ ਸੰਪਦਾ ਅਧਿਕਾਰਾਂ ਰਾਹੀਂ ਨਵੀਆਂ ਖੋਜਾਂ ਅਤੇ ਇਜਾਦਾਂ ਦੀ ਸੁਰੱਖਿਆ ਹੋਣ ਦੇ ਨਾਲ ਨਾਲ ਰਿਸਰਚ ਨੂੰ ਪ੍ਰੋਤਸਾਹਨ ਮਿਲਦਾ ਏ। ਪ੍ਰੋਗਰਾਮ ਵਿੱਚ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਹੈਲਥਕੇਅਰ ਪ੍ਰੋਫੈਸ਼ਨਲਜ਼ ਨੇ

ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਵਿਸ਼ੇ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ ।

---------------------------------------------------------------

ਆਉਣ ਵਾਲੇ ਸਾਉਣੀ ਸੀਜ਼ਨ ਦੌਰਾਨ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਨਰਮੇ ਹੇਠ ਰਕਬਾ ਵਧਾਉਣ ਦੇ ਮਕਸਦ ਨਾਲ ਬਠਿੰਡਾ ਵਿਖੇ ਅੰਤਰ-ਰਾਜੀ ਕਪਾਹ ਵਿਸਥਾਰ ਕਮੇਟੀ ਦੀ ਮੀਟਿੰਗ ਖੇਤੀ ਭਵਨ ਵਿੱਚ ਕਰਵਾਈ ਗਈ । ਮੀਟਿੰਗ ਦੀ ਅਗਵਾਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸਤਵੀਰ ਸਿੰਘ ਗੋਸਲ ਵਲੋਂ ਕੀਤੀ ਗਈ । ਮੀਟਿੰਗ ਵਿੱਚ ਡਿਪਟੀ ਡਾਇਰੈਕਟਰ ਕਪਾਹ ਡਾ. ਕੁਲਵੰਤ ਸਿੰਘ ਦੇ ਨਾਲ ਜ਼ਿਲ੍ਹਾ ਬਠਿੰਡਾ, ਮਾਨਸਾ, ਫਰੀਦਕੋਟ, ਸੰਗਰੂਰ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਅਤੇ ਮੋਗਾ ਦੇ ਮੁੱਖ ਖੇਤੀਬਾੜੀ ਅਧਿਕਾਰੀਆਂ ਨੇ ਭਾਗ ਲਿਆ । ਇਸ ਦੌਰਾਨ ਨਰਮੇ ਹੇਠ ਰਕਬਾ ਵਧਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ । ਵਿਗਿਆਨੀਆਂ ਵੱਲੋਂ ਪਿਛਲੇ ਸਾਲਾਂ ਦੌਰਾਨ ਚਿੱਟੀ ਮੱਖੀ ਤੇ ਗੁਲਾਬੀ ਸੁੰਡੀ ਦੇ

ਹਮਲਿਆਂ ਤੇ ਇਸ ਦੀ ਪ੍ਰਭਾਵਸ਼ਾਲੀ ਰੋਕਥਾਮ ਲਈ ਯੋਜਨਾਬੰਦੀ ਕੀਤੀ ਗਈ । ਵਿਗਿਆਨੀਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤਾਂ ਵਿੱਚ ਪਈਆਂ ਛਿਟੀਆਂ ਨੂੰ ਚੰਗੀ ਤਰ੍ਹਾਂ ਝਾੜ ਕੇ ਰਹਿੰਦ-ਖੂੰਹਦ ਨੂੰ ਨਸ਼ਟ ਕੀਤਾ ਜਾਵੇ, ਜਿਸ ਨਾਲ ਗੁਲਾਬੀ ਸੁੰਡੀ ਦੇ ਜੀਵਨ ਚੱਕਰ ਨੂੰ ਤੋੜਿਆ ਜਾ ਸਕੇ।